# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :12-04-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਮਾਂ ਆ ਗਿਆ ਏ ਕਿ ਔਰਤਾਂ ਲਈ ਰਾਖਵੇਂਕਰਣ ਬਾਰੇ ਕਾਨੂੰਨ ਨੂੰ ਇਸਦੀ ਅਸਲ ਭਾਵਨਾ ਨਾਲ ਲਾਗੂ ਕੀਤਾ ਜਾਵੇ ਅਤੇ 2029 ਦੀਆਂ ਲੋਕ ਸਭਾ ਤੇ ਵਿਧਾਨ ਸਭਾ ਚੋਣਾਂ ਔਰਤਾਂ ਦੇ ਕੋਟੇ ਨਾਲ ਹੀ ਕਰਵਾਈਆਂ ਜਾਣ। ਸੰਸਦ ਦੀਆਂ ਤਿੰਨ ਦਿਨਾਂ ਵਿਸ਼ੇਸ਼ ਬੈਠਕਾਂ ਤੋਂ ਪਹਿਲਾਂ, ਲੋਕ ਸਭਾ ਅਤੇ ਰਾਜ ਸਭਾ ਦੇ ਸਭਾ ਵਿਚਲੇ ਨੇਤਾਵਾਂ ਨੂੰ ਲਿਖੇ ਇੱਕ ਪੱਤਰ ਵਿੱਚ, ਸ਼੍ਰੀ ਮੋਦੀ ਨੇ ਸਾਰੇ ਮੈਂਬਰਾਂ ਨੂੰ ਔਰਤਾਂ ਲਈ ਰਾਖਵੇਂਕਰਣ ਬਾਰੇ ਕਾਨੂੰਨ, ਜਿਸਨੂੰ ਅਧਿਕਾਰਤ ਤੌਰ 'ਤੇ ਨਾਰੀ ਸ਼ਕਤੀ ਵੰਦਨ ਅਧਿਨੀਅਮ ਕਿਹਾ ਜਾਂਦਾ ਏ, ਵਿੱਚ ਸੋਧਾਂ ਨੂੰ ਪਾਸ ਕਰਨ ਲਈ ਇੱਕ ਆਵਾਜ਼ ਵਿੱਚ ਇਕੱਠੇ ਹੋਣ ਲਈ ਵੀ ਕਿਹਾ।

ਪ੍ਰਧਾਨ ਮੰਤਰੀ ਨੇ ਕਲ੍ਹ 11 ਅਪ੍ਰੈਲ ਨੂੰ ਆਪਣੇ ਪੱਤਰ ਵਿੱਚ ਕਿਹਾ ਕਿ ਵਿਆਪਕ ਵਿਚਾਰ-ਵਟਾਂਦਰੇ ਤੋਂ ਬਾਅਦ, ਅਸੀਂ ਇਸ ਸਿੱਟੇ 'ਤੇ ਪੁੱਜੇ ਹਾਂ . ਸੰਸਦ ਦੇ ਬਜਟ ਸੈਸ਼ਨ ਨੂੰ ਵਧਾ ਦਿੱਤਾ ਗਿਆ ਏ, ਅਤੇ 16 ਤੋਂ 18 ਅਪ੍ਰੈਲ ਤਕ ਸਦਨ ਦੀ ਇੱਕ ਵਿਸ਼ੇਸ਼ ਤਿੰਨ ਦਿਨਾਂ ਦੀ ਬੈਠਕ ਬੁਲਾਈ ਗਈ ਏ ।

--------------------------------------------------------------------------

ਪ੍ਰਸਿੱਧ ਗਾਇਕਾ ਅਤੇ ਪਦਮ ਵਿਭੂਸ਼ਣ ਨਾਲ ਸਨਮਾਨਿਤ ਆਸ਼ਾ ਭੋਸਲੇ ਦਾ ਅੱਜ ਮੁੰਬਈ ਵਿੱਚ 92 ਸਾਲ ਦੀ ਉਮਰ ਵਿੱਚ ਦੇਹਾਂਤ ਹੋ ਗਿਆ ਏ । ਮਹਾਰਾਸ਼ਟਰ ਦੇ ਸੱਭਿਆਚਾਰ ਮੰਤਰੀ ਆਸ਼ੀਸ਼ ਸ਼ੇਲਾਰ ਨੇ ਹਸਪਤਾਲ ਦੇ ਬਾਹਰ ਮੀਡੀਆ ਨਾਲ ਗੱਲਬਾਤ ਕਰਦਿਆਂ ਇਸ ਖ਼ਬਰ ਦੀ ਪੁਸ਼ਟੀ ਕੀਤੀ। ਉਨ੍ਹਾਂ ਦਾ ਅੰਤਿਮ ਸੰਸਕਾਰ ਕੱਲ੍ਹ ਸ਼ਾਮ 4 ਵਜੇ ਸ਼ਿਵਾਜੀ ਪਾਰਕ ਵਿਖੇ ਕੀਤਾ ਜਾਵੇਗਾ। ਉਨ੍ਹਾਂ ਨੂੰ ਛਾਤੀ ਵਿੱਚ ਇਨਫੈਕਸ਼ਨ ਅਤੇ ਹੋਰ ਤਕਲੀਫਾਂ ਕਾਰਨ ਕੱਲ੍ਹ ਸ਼ਾਮ ਮੁੰਬਈ ਦੇ ਇੱਕ ਨਿੱਜੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ, ਜਿਵੇਂ ਕਿ ਉਨ੍ਹਾਂ ਦੀ ਪੋਤਰੀ ਜ਼ਨਾਈ ਭੋਸਲੇ ਨੇ ਸੋਸ਼ਲ ਮੀਡੀਆ 'ਤੇ ਦੱਸਿਆ।

--------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ ਪੁਰਬ ਨੂੰ ਸਮਰਪਿਤ ਕਰਵਾਏ ਜਾਣ ਵਾਲੇ ਲੜੀਵਾਰ ਸਮਾਗਮਾਂ ਨੂੰ ਅੰਤਿਮ ਰੂਪ ਦੇ ਦਿੱਤਾ ਏ। ਇਹ ਫੈਸਲਾ ਮੁੱਖ ਮੰਤਰੀ ਵੱਲੋਂ ਕੱਲ੍ਹ ਪੰਜਾਬ ਭਵਨ ਵਿਖੇ ਸੰਤ ਸਮਾਜ ਨਾਲ ਹੋਈ ਮੀਟਿੰਗ ਦੌਰਾਨ ਲਿਆ ਗਿਆ। ਮੁੱਖ ਮੰਤਰੀ ਨੇ ਸੂਬਾ ਪੱਧਰੀ ਸਮਾਗਮਾਂ ਅਤੇ ਪਹਿਲਕਦਮੀਆਂ ਦੀ ਲੜੀ ਦੀ ਰੂਪਰੇਖਾ ਤਿਆਰ ਕੀਤੀ। ਇਨ੍ਹਾਂ ਸਮਾਗਮਾਂ ਵਿੱਚ ਸੈਮੀਨਾਰ, ਕੀਰਤਨ ਸਮਾਗਮ, ਯਾਤਰਾਵਾਂ, ਬੂਟੇ

ਲਗਾਉਣ ਦੀਆਂ ਮੁਹਿੰਮਾਂ ਅਤੇ 650 ਏਕੜ ਵਿੱਚ ‘Guru Ravidass Bagichis‘ ਲਾਉਣਾ ਸ਼ਾਮਲ ਏ। ਇਸ ਸਬੰਧੀ ਮੁੱਖ ਸਮਾਗਮ ਖੁਰਾਲਗੜ੍ਹ ਵਿਖੇ ਹੋਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ, ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ ਪੁਰਬ ਨੂੰ ਮਨਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੇਗੀ, ਕਿਉਂਕਿ ਗੁਰੂ ਜੀ ਦੇ ਸੰਦੇਸ ਨੂੰ ਦੁਨੀਆ ਭਰ ਤੱਕ ਪਹੁੰਚਾਉਣਾ ਸਾਡਾ ਫਰਜ ਏ। ਉਨ੍ਹਾਂ ਨੇ ਕਿਹਾ ਕਿ ਗੁਰੂ ਜੀ ਦੇ ਬਰਾਬਰੀ ਅਤੇ ਮਨੁੱਖਤਾ ਦੀ ਭਲਾਈ ਦੇ ਸੰਦੇਸ ਨੂੰ ਪੰਜਾਬ ਸਰਕਾਰ ਵਿਸ਼ਵ ਪੱਧਰ 'ਤੇ ਲੈ ਕੇ ਜਾਵੇਗੀ। ਸਮਾਗਮ ਦੀਆਂ ਤਿਆਰੀਆਂ ਦਾ ਜ਼ਿਕਰ ਕਰਦਿਆਂ, ਸ੍ਰੀ ਮਾਨ ਨੇ ਕਿਹਾ ਕਿ, ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸ਼ਾਨਦਾਰ ਢੰਗ ਨਾਲ ਮਨਾਉਣ ਲਈ, ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਯੋਜਨਾ ਉਲੀਕੀ ਗਈ ਏ।

---

ਬਟਾਲਾ ਪੁਲਿਸ ਨੇ ਵੱਡੀ ਸਫਲਤਾ ਵਿੱਚ, ਸਰਹੱਦ ਪਾਰੋਂ ਚੱਲ ਰਹੇ ਨਸ਼ੀਲੇ ਪਦਾਰਥਾਂ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ  ਤਸਕਰੀ ਕਰਨ ਵਾਲੇ ਰੈਕੇਟ ਦਾ ਪਰਦਾਫਾਸ਼ ਕਰਦਿਆਂ, ਇੱਕ ਨਾਬਾਲਗ ਸਮੇਤ ਤਿੰਨ ਮੁਲਜ਼ਮਾਂ ਨੂੰ ਗ੍ਰਿਫਤਾਰ ਕਰਕੇ ਸਾਢੇ 6 ਕਿਲੋ ਹੈਰੋਇਨ, ਇੱਕ ਪਿਸਤੌਲ ਸਮੇਤ ਛੇ ਜ਼ਿੰਦਾ ਕਾਰਤੂਸ ਅਤੇ 1 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਏ। ਇਹ ਜਾਣਕਾਰੀ ਪੰਜਾਬ ਪੁਲਿਸ ਮੁਖੀ ਗੌਰਵ

ਯਾਦਵ ਨੇ ਦਿੱਤੀ। ਨਸ਼ੀਲੇ ਪਦਾਰਥ ਅਤੇ ਡਰੱਗ ਮਨੀ ਦੀ ਬਰਾਮਦਗੀ ਤੋਂ ਇਲਾਵਾ, ਪੁਲਿਸ ਟੀਮਾਂ ਨੇ ਇੱਕ ਕਾਰ ਵੀ ਜ਼ਬਤ ਕੀਤੀ ਏ। ਇਹ ਸਫਲਤਾ 30 ਮਾਰਚ ਨੂੰ ਬਟਾਲਾ ਦੇ ਸਿਵਲ ਲਾਈਨਜ਼ ਪੁਲਿਸ ਸਟੇਸ਼ਨ ਦੇ ਅਧਿਕਾਰ ਖੇਤਰ ਵਿੱਚ ਵਾਪਰੀ ਜਬਰੀ ਵਸੂਲੀ ਨਾਲ ਸਬੰਧਤ ਗੋਲੀਬਾਰੀ ਦੀ ਘਟਨਾ ਦੇ ਸਬੰਧ ਵਿੱਚ ਹਾਸਲ ਹੋਈ ਏ। DGP ਗੌਰਵ ਯਾਦਵ ਨੇ ਦੱਸਿਆ ਕਿ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਬਰਾਮਦਗੀ, ਜਬਰੀ ਵਸੂਲੀ, ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਗੈਰ-ਕਾਨੂੰਨੀ ਹਥਿਆਰ ਤਸਕਰੀ ਨੈੱਟਵਰਕਾਂ ਦਰਮਿਆਨ, ਮਜ਼ਬੂਤ ਗਠਜੋੜ ਨੂੰ ਉਜਾਗਰ ਕਰਦੀ ਏ।

---------------------------------------------------------------------

ਪੰਜਾਬ ਸਰਕਾਰ ਵੱਲੋਂ ਹਾਸ਼ੀਆਗਤ ਵਰਗਾਂ ਦੇ ਵਿਦਿਆਰਥੀਆਂ ਦੀ ਸਿੱਖਿਆ ਨੂੰ ਮਜ਼ਬੂਤ ਕਰਨ ਵੱਲ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਦਿਆਂ ਪ੍ਰੀ-ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਕਰੀਬ 13 ਕਰੋੜ ਰੁਪਏ ਦੇ ਵਜੀਫੇ ਜਾਰੀ ਕੀਤੇ ਗਏ ਨੇ. ਇਹ ਜਾਣਕਾਰੀ ਦਿੰਦਿਆਂ ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਮਾਮਲੇ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਮਾਲੀ ਸਾਲ 2025-26 ਦੌਰਾਨ ਇਸ ਸਕੀਮ ਤਹਿਤ ਪੱਟੀਦਰਜ ਜਾਤਾਂ ਨਾਲ ਸੰਬੰਧਤ ਵਿਦਿਆਰਥੀਆਂ ਨੂੰ

ਇਸ ਰਕਮ ਦੀ ਅਦਾਇਗੀ ਕੀਤੀ ਗਈ ਏ । ਉਨ੍ਹਾਂ ਹੋਰ ਦੱਸਿਆ ਕਿ ਇਸ ਸਕੀਮ ਅਧੀਨ ਸੂਬੇ ਭਰ ਦੇ 92 ਹਜ਼ਾਰ ਤੋਂ ਵੱਧ ਵਿਦਿਆਰਥੀਆਂ ਨੂੰ ਲਾਭ ਪਹੁੰਚਾਇਆ ਗਿਆ ਏ।

---------------------------------------------------------------------------

'ਗੈਂਗਸਟਰਾਂ ਤੇ ਵਾਰ'' ਮੁਹਿੰਮ ਦੇ 81ਵੇਂ ਦਿਨ ਕੱਲ੍ਹ ਪੰਜਾਬ ਪੁਲਿਸ ਨੇ ਸੂਬੇ ਭਰ ਵਿੱਚ 516 ਥਾਵਾਂ 'ਤੇ ਛਾਪੇਮਾਰੀ ਦੌਰਾਨ, 239 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ। ਇਨ੍ਹਾਂ ਗ੍ਰਿਫਤਾਰੀਆਂ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਗਿਣਤੀ 20 ਹਜ਼ਾਰ 395 ਹੋ ਗਈ ਏ। ਇਸ ਤੋਂ ਇਲਾਵਾ 72 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਏ, ਜਦੋਂ ਕਿ 69 ਵਿਅਕਤੀਆਂ ਨੂੰ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ ਏ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ, 14 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਏ। ਇਸ ਦੌਰਾਨ, ਪੁਲਿਸ ਟੀਮਾਂ ਨੇ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਦੇ 406ਵੇਂ ਦਿਨ, 104 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ, ਉਨ੍ਹਾਂ ਦੇ ਕਬਜ਼ੇ ਵਿੱਚੋਂ 1.8 ਕਿਲੋ ਹੈਰੋਇਨ, 18 ਕਿਲੋ ਗਾਂਜਾ, ਇੱਕ ਹਜ਼ਾਰ 486 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 6 ਹਜ਼ਾਰ 750 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਏ।

---------------------------------------------------------------------------

IPL ਕ੍ਰਿਕਟ ਵਿੱਚ, ਅੱਜ ਲਖਨਊ ਵਿੱਚ ਲਖਨਊ ਸੁਪਰ ਜਾਇੰਟਸ ਦਾ ਮੁਕਾਬਲਾ ਗੁਜਰਾਤ ਟਾਈਟਨਸ ਨਾਲ ਹੋਵੇਗਾ. ਇਹ ਮੈਚ ਦੁਪਹਿਰ ਬਾਅਦ ਸਾਢੇ 3 ਵਜੇ ਸ਼ੁਰੂ ਹੋਵੇਗਾ। ਇੱਕ ਹੋਰ ਮੈਚ ਵਿੱਚ, ਮੁੰਬਈ ਵਿੱਚ, ਸ਼ਾਮੀਂ ਸਾਢੇ 7 ਵਜੇ ਮੁੰਬਈ ਇੰਡੀਅਨਜ਼ ਦਾ ਮੁਕਾਬਲਾ ਰਾਇਲ ਚੈਲੇਂਜਰਜ਼ ਬੰਗਲੌਰ ਨਾਲ ਹੋਵੇਗਾ।

-------------------------------------------------------------------

ਜਲੰਧਰ ਛਾਉਣੀ ਦੇ Vajra Astroturf Hockey Stadium (VAHS) ਵਿਖੇ, ਵਜਰਾ ਕੋਰ ਵੱਲੋਂ 6 ਤੋਂ 11 ਅਪ੍ਰੈਲ, ਤੱਕ ਕਰਾਈ ਗਈ Inter Formation ਹਾਕੀ ਚੈਂਪੀਅਨਸ਼ਿਪ ਅੱਜ ਇੱਕ ਸ਼ਾਨਦਾਰ ਸਮਾਪਤੀ ਸਮਾਰੋਹ ਨਾਲ ਖਤਮ ਹੋ ਗਈ ਏ। ਚੈਂਪੀਅਨਸ਼ਿਪ ਵਿੱਚ ਹਿੱਸਾ ਲੈਣ ਵਾਲੀਆਂ ਫੌਜਾਂ ਵਿਚਕਾਰ ਦਿਲਚਸਪ ਮੁਕਾਬਲੇ ਦੇਖਣ ਨੂੰ ਮਿਲੇ, ਜਿਸ ਵਿੱਚ ਫੌਜੀਆਂ ਦੀ ਅਸਾਧਾਰਨ ਯੋਗਤਾ, ਟੀਮ ਵਰਕ ਅਤੇ ਦ੍ਰਿੜ ਇਰਾਦੇ ਦਾ ਵਿਖਾਲਾ ਕੀਤਾ ਗਿਆ।